ਖ਼ਰੋਜ 35:31 ਯਹੋਵਾਹ ਨੇ ਬਸਲਏਲ ਦੇ ਅੰਦਰ ਪਰਮੇਸ਼ੁਰ ਦਾ ਆਤਮਾ ਭਰ ਦਿੱਤਾ। ਉਸਨੇ ਬਸਲਏਲ ਨੂੰ ਸਭ ਤਰ੍ਹਾਂ ਦੀਆਂ ਗੱਲਾਂ ਕਰਨ ਲਈ ਖਾਸ ਯੋਗਤਾ ਅਤੇ ਗਿਆਨ ਦਿੱਤਾ ਹੈ।

ਗਿਣਤੀ 11:25 ਫ਼ੇਰ ਯਹੋਵਾਹ ਬੱਦਲ ਵਿੱਚੋਂ ਹੇਠਾਂ ਉਤਰਿਆ ਅਤੇ ਮੂਸਾ ਨਾਲ ਗੱਲ ਕੀਤੀ। ਆਤਮਾ ਮੂਸਾ ਦੇ ਉੱਪਰ ਸੀ। ਯਹੋਵਾਹ ਨੇ ਉਹੀ ਆਤਮਾ 70 ਬਜ਼ੁਰਗਾਂ ਦੇ ਉੱਪਰ ਰੱਖ ਦਿੱਤਾ ਜਦੋਂ ਆਤਮਾ ਉਨ੍ਹਾਂ ਦੇ ਉੱਪਰ ਉਤਰਿਆ, ਉਨ੍ਹਾਂ ਨੇ ਭਵਿਖਬਾਣੀ ਕਰਨੀ ਸ਼ੁਰੂ ਕਰ ਦਿੱਤੀ। ਪਰ ਇਹੀ ਇੱਕ ਮੌਕਾ ਸੀ ਜਦੋਂ ਇਨ੍ਹਾਂ ਲੋਕਾਂ ਨੇ ਅਜਿਹਾ ਕੀਤਾ।

1 ੧ ਸਮੋਈਲ 10:6  ਫ਼ੇਰ ਉਸੇ ਪਲ ਯਹੋਵਾਹ ਦਾ ਆਤਮਾ ਤੇਰੇ ਉੱਪਰ ਸ਼ਕਤੀਸ਼ਾਲੀ ਤਰੀਕੇ ਨਾਲ ਆਵੇਗਾ ਅਤੇ ਤੂੰ ਇੱਕ ਵਖਰਾ ਮਨੁੱਖ ਬਣ ਜਾਵੇਂਗਾ। ਤੂੰ ਬਾਕੀ ਨਬੀਆਂ ਵਾਂਗ ਭਵਿਖਬਾਣੀ ਕਰਨ ਲੱਗ ਪਵੇਂਗਾ।

2 ੨ ਸਮੋਈਲ 23:2 ਯਹੋਵਾਹ ਦਾ ਆਤਮਾ ਮੇਰੇ ਵਿੱਚੋਂ ਬੋਲਿਆ ਅਤੇ ਉਸਦਾ ਬਚਨ ਮੇਰੀ ਜ਼ਬਾਨ ਉੱਤੇ ਸੀ।

ਅੱਯੂਬ 33:4 ਪਰਮੇਸ਼ੁਰ ਦੇ ਆਤਮੇ ਨੇ ਮੈਨੂੰ ਸਾਜਿਆ ਹੈ। ਮੈਨੂੰ ਮੇਰਾ ਜੀਵਨ ਸਰਬ-ਸ਼ਕਤੀਮਾਨ ਪਰਮੇਸ਼ੁਰ ਤੋਂ ਪ੍ਰਾਪਤ ਹੋਇਆ।

ਯਸਈਆਹ 11:2 ਯਹੋਵਾਹ ਦਾ ਆਤਮਾ ਉਸ ਬੱਚੇ ਵਿੱਚ ਹੋਵੇਗੀ। ਆਤਮਾ ਸਿਆਣਪ, ਸਮਝਦਾਰੀ, ਅਗਵਾਈ ਅਤੇ ਸ਼ਕਤੀ ਪ੍ਰਦਾਨ ਕਰਦਾ ਹੈ। ਅਤੇ ਆਤਮਾ ਇਸ ਬੱਚੇ ਦੀ ਸਹਾਇਤਾ ਕਰੇਗਾ ਉਸਨੂੰ ਜਾਣੇਗਾ ਅਤੇ ਯਹੋਵਾਹ ਦਾ ਆਦਰ ਕਰੇਗਾ।

ਮੀਕਾਹ 3:8 ਪਰ ਯਹੋਵਾਹ ਦੇ ਆਤਮੇ ਨੇ ਮੈਨੂੰ ਤਾਕਤ, ਸ਼ਕਤੀ ਅਤੇ ਨੇਕੀ ਨਾਲ ਭਰ ਦਿੱਤਾ ਹੈ, ਤਾਂ ਕਿ ਮੈਂ ਯਾਕੂਬ ਨੂੰ ਉਸਦੇ ਪਾਪਾਂ ਬਾਰੇ ਦੱਸ ਸਕਦਾ ਹਾਂ, ਤਾਂ ਜੋ ਮੈਂ ਇਸਰਾਏਲ ਨੂੰ ਉਸਦੇ ਪਾਪਾਂ ਬਾਰੇ ਦੱਸਾਂ।"

ਜ਼ਿਕਰ ਯਾਹ 4:6 ਉਸ ਆਖਿਆ, "ਇਹ ਯਹੋਵਾਹ ਦਾ ਜ਼ਰੁੱਬਾਬਲ ਲਈ ਬਚਨ ਹੈ ਕਿ, ਤੇਰੇ ਲਈ ਮਦਦ ਤੇਰੇ ਆਪਣੇ ਬਲ ਜਾਂ ਸ਼ਕਤੀ ਤੋਂ ਨਾ ਹੋਵੇਗੀ ਸਗੋਂ ਤੇਰੇ ਲਈ ਮੇਰਾ ਆਤਮਾ ਮਦਦ ਕਰੇਗਾ। ਸਰਬ-ਸ਼ਕਤੀਮਾਨ ਯਹੋਵਾਹ ਨੇ ਇਹ ਬਚਨ ਆਖੇ।

ਮੱਤੀ 12:28 ਪਰ ਜੇ ਮੈਂ ਪਰਮੇਸ਼ੁਰ ਦੇ ਆਤਮਾ ਦੀ ਸਹਾਇਤਾ ਨਾਲ ਭੂਤਾਂ ਨੂੰ ਕੱਢਦਾ ਹਾਂ ਤਾਂ ਪਰਮੇਸ਼ੁਰ ਦਾ ਰਾਜ ਤੁਹਾਡੇ ਉੱਤੇ ਆ ਪਹੁੰਚਿਆ ਹੈ।

ਮੱਤੀ 28:19 ਇਸ ਲਈ ਤੁਸੀਂ ਜਾ ਕੇ ਸਾਰੀਆਂ ਕੌਮਾਂ ਨੂੰ ਚੇਲੇ ਬਣਾਓ ਅਤੇ ਉਨ੍ਹਾਂ ਨੂੰ ਪਿਤਾ ਅਤੇ ਪੁੱਤ੍ਰ ਅਤੇ ਪਵਿੱਤ੍ਰ ਆਤਮਾ ਦੇ ਨਾਮ ਵਿੱਚ ਬਪਤਿਸਮਾ ਦਿਓ।

ਮਰਕੁਸ 1:10 ਅਰ ਪਾਣੀ ਵਿੱਚੋਂ ਨਿੱਕਲਦੇ ਸਾਰ ਉਹ ਨੇ ਅਕਾਸ਼ ਨੂੰ ਖੁਲ੍ਹਦਿਆਂ ਅਤੇ ਆਤਮਾ ਨੂੰ ਆਪਣੇ ਉੱਤੇ ਕਬੂਤਰ ਦੀ ਨਿਆਈਂ ਉੱਤਰਦਿਆਂ ਡਿੱਠਾ,

ਮਰਕੁਸ 13:11 ਪਰ ਜਾਂ ਤੁਹਾਨੂੰ ਲੈ ਜਾ ਕੇ ਹਵਾਲੇ ਕਰਨ, ਅੱਗੋਂ ਹੀ ਚਿੰਤਾ ਨਾ ਕਰਨੀ ਭਈ ਅਸੀਂ ਕੀ ਆਖਾਂਗੇ ਪਰ ਜੋ

ਕੁਝ ਉਸ ਘੜੀ ਤੁਹਾਨੂੰ ਬਖ਼ਸ਼ਿਆ ਜਾਵੇ ਸੋਈ ਕਹਿਣਾ ਕਿਉਂਕਿ ਕਹਿਣ ਵਾਲੇ ਤੁਸੀਂ ਨਹੀਂ ਹੋ ਪਰ ਪਵਿੱਤ੍ਰ ਆਤਮਾ ਹੈ।

ਲੋਕਾ 2:26 ਅਰ ਉਹ ਨੂੰ ਪਵਿੱਤ੍ਰ ਆਤਮਾ ਨੇ ਖਬਰ ਦਿੱਤੀ ਸੀ ਭਈ ਜਦ ਤੀਕਰ ਤੂੰ ਪ੍ਰਭੁ ਦੇ ਮਸੀਹ ਨੂੰ ਨਾ ਵੇਖੇਂ ਤੂੰ ਨਾ ਮਰੇਂਗਾ।

ਲੋਕਾ 4:1 ਤਾਂ ਯਿਸੂ ਪਵਿੱਤ੍ਰ ਆਤਮਾ ਨਾਲ ਭਰਪੂਰ ਹੋ ਕੇ ਯਰਦਨ ਤੋਂ ਮੁੜਿਆ ਅਰ ਆਤਮਾ ਦੀ ਅਗਵਾਈ ਨਾਲ,

ਲੋਕਾ 4:18-21 ਪ੍ਰਭੁ ਦਾ ਆਤਮਾ ਮੇਰੇ ਉੱਤੇ ਹੈ, ਇਸ ਲਈ ਜੋ ਉਹ ਨੇ ਮੈਨੂੰ ਮਸਹ ਕੀਤਾ ਭਈ ਗਰੀਬਾਂ ਨੂੰ ਖੁਸ਼ ਖਬਰੀ ਸੁਣਾਵਾਂ। ਓਸ ਮੈਨੂੰ ਘੱਲਿਆ ਹੈ ਕਿ ਬੰਧੂਆਂ ਨੂੰ ਛੁੱਟਣ ਅਤੇ ਅੰਨ੍ਹਿਆਂ ਨੂੰ ਵੇਖਣ ਦਾ ਪਰਚਾਰ ਕਰਾਂ, ਤੇ ਕੁਚਲਿਆਂ ਹੋਇਆਂ ਨੂੰ ਛੁਡਾਵਾਂ, 19 ਅਤੇ ਪ੍ਰਭੁ ਦੀ ਮਨਜ਼ੂਰੀ ਦੇ ਵਰ੍ਹੇ ਦਾ ਪਰਚਾਰ ਕਰਾਂ। 20 ਅਤੇ ਪੋਥੀ ਬੰਦ ਕਰ ਕੇ ਸੇਵਕ ਨੂੰ ਦਿੱਤੀ ਅਤੇ ਬੈਠ ਗਿਆ ਅਰ ਸਭਨਾਂ ਦੀਆਂ ਅੱਖਾਂ ਜਿਹੜੇ ਸਮਾਜ ਵਿੱਚ ਹਾਜ਼ਰ ਸਨ ਉਸ ਤੇ ਲੱਗੀਆਂ ਹੋਈਆਂ ਸਨ। 21 ਤਦ ਉਹ ਉਨ੍ਹਾਂ ਨੂੰ ਕਹਿਣ ਲੱਗਾ ਕਿ ਇਹ ਲਿਖਤ ਅੱਜ ਤੁਹਾਡੇ ਕੰਨਾਂ ਵਿੱਚ ਪੂਰੀ ਹੋਈ ਹੈ।

ਲੋਕਾ 12:11,12 ਜਾਂ ਤੁਹਾਨੂੰ ਸਮਾਜਾਂ ਅਰ ਸਰਦਾਰਾਂ ਅਤੇ ਹਾਕਮਾਂ ਦੇ ਅੱਗੇ ਲੈ ਜਾਣ ਤਾਂ ਚਿੰਤਾ ਨਾ ਕਰੋ ਜੋ ਅਸੀਂ ਕਿੱਕੁਰ ਯਾ ਕੀ ਉੱਤਰ ਦੇਈਏ ਯਾ ਕੀ ਆਖੀਏ ? 12 ਕਿਉਂਕਿ ਪਵਿੱਤ੍ਰ ਆਤਮਾ ਉਸੇ ਘੜੀ ਤੁਹਾਨੂੰ ਸਿਖਾਲੇਗਾ ਭਈ ਕੀ ਕਹਿਣਾ ਚਾਹੀਦਾ ਹੈ।

ਯੂਹੰਨਾ 7:38,39 ਜੋ ਕੋਈ ਮੇਰੇ ਉੱਤੇ ਨਿਹਚਾ ਕਰਦਾ ਹੈ ਲਿਖਤ ਅਨੁਸਾਰ ਅੰਮ੍ਰਿਤ ਜਲ ਦੀਆਂ ਨਦੀਆਂ ਉਹ ਦੇ ਅੰਦਰੋਂ ਵਗਣਗੀਆਂ ! 39 ਪਰ ਉਹ ਨੇ ਇਹ ਗੱਲ ਆਤਮਾ ਦੇ ਵਿਖੇ ਆਖੀ ਜਿਹੜਾ ਉਨ੍ਹਾਂ ਨੂੰ ਪ੍ਰਾਪਤ ਹੋਣਾ ਸੀ ਜਿਨ੍ਹਾਂ ਉਸ ਉੱਤੇ ਨਿਹਚਾ ਕੀਤੀ ਕਿਉਂਕਿ ਆਤਮਾ ਅਜੇ ਦਿੱਤਾ ਨਾ ਗਿਆ ਸੀ ਇਸ ਲਈ ਜੋ ਯਿਸੂ ਦਾ ਤੇਜ ਅਜੇ ਪਰਕਾਸ਼ ਨਹੀਂ ਸੀ ਹੋਇਆ।

ਯੂਹੰਨਾ 14:16,17 ਅਤੇ ਮੈਂ ਆਪਣੇ ਪਿਤਾ ਤੋਂ ਮੰਗਾਂਗਾ ਅਰ ਉਹ ਤੁਹਾਨੂੰ ਦੂਜਾ ਸਹਾਇਕ ਬਖ਼ਸ਼ੇਗਾ ਭਈ ਉਹ ਸਦਾ ਤੁਹਾਡੇ ਸੰਗ ਰਹੇ। 17 ਅਰਥਾਤ ਸਚਿਆਈ ਦਾ ਆਤਮਾ ਜਿਹ ਨੂੰ ਜਗਤ ਨਹੀਂ ਪਾ ਸੱਕਦਾ ਕਿਉਂ ਜੋ ਉਹ ਉਸ ਨੂੰ ਵੇਖਦਾ ਨਹੀਂ, ਨਾ ਉਸ ਨੂੰ ਜਾਣਦਾ ਹੈ। ਤੁਸੀਂ ਉਸ ਨੂੰ ਜਾਣਦੇ ਹੋ ਕਿਉਂਕਿ ਉਹ ਤੁਹਾਡੇ ਸੰਗ ਰਹਿੰਦਾ ਹੈ ਅਤੇ ਤੁਹਾਡੇ ਵਿੱਚ ਹੋਵੇਗਾ।

ਯੂਹੰਨਾ 14:26 ਪਰ ਉਹ ਸਹਾਇਕ ਅਰਥਾਤ ਪਵਿੱਤ੍ਰ ਆਤਮਾ ਜਿਹ ਨੂੰ ਪਿਤਾ ਮੇਰੇ ਨਾਮ ਉੱਤੇ ਘੱਲੇਗਾ ਸੋ ਤੁਹਾਨੂੰ ਸੱਭੋ ਕੁਝ ਸਿਖਾਲੇਗਾ ਅਤੇ ਸੱਭੋ ਕੁਝ ਜੋ ਮੈਂ ਤੁਹਾਨੂੰ ਆਖਿਆ ਤੁਹਾਨੂੰ ਚੇਤੇ ਕਰਾਵੇਗਾ।

ਯੂਹੰਨਾ 16:7,8,13-15 ਪਰ ਮੈਂ ਤੁਹਾਨੂੰ ਸਤ ਆਖਦਾ ਹਾਂ ਭਈ ਮੇਰਾ ਜਾਣਾ ਹੀ ਤੁਹਾਡੇ ਲਈ ਚੰਗਾ ਹੈ ਕਿਉਂਕਿ ਜੇ ਮੈਂ ਨਾ ਜਾਵਾਂ ਤਾਂ ਸਹਾਇਕ ਤੁਹਾਡੇ ਕੋਲ ਨਾ ਆਵੇਗਾ ਪਰ ਜੇ ਮੈਂ ਜਾਵਾਂ ਤਾਂ ਉਹ ਨੂੰ ਤੁਹਾਡੇ ਕੋਲ ਘੱਲ ਦਿਆਂਗਾ। 8 ਅਤੇ ਉਹ ਆਣ ਕੇ ਜਗਤ ਨੂੰ ਪਾਪ, ਧਰਮ ਅਰ ਨਿਆਉਂ ਦੇ ਵਿਖੇ ਕਾਇਲ ਕਰੇਗਾ। 13 ਪਰ ਜਦ ਉਹ ਅਰਥਾਤ ਸਚਿਆਈ ਦਾ ਆਤਮਾ ਆਵੇ ਤਦ ਉਹ ਸਾਰੀ ਸਚਿਆਈ ਵਿੱਚ ਤੁਹਾਡੀ ਅਗਵਾਈ ਕਰੇਗਾ ਕਿਉਂ ਜੋ ਉਹ ਆਪਣੀ ਵੱਲੋਂ ਨਾ ਕਹੇਗਾ ਪਰ ਜੋ ਕੁਝ ਸੁਣੇਗਾ ਸੋਈ ਆਖੇਗਾ ਅਤੇ ਉਹ ਹੋਣ ਵਾਲੀਆਂ ਗੱਲਾਂ ਤੁਹਾਨੂੰ ਦੱਸੇਗਾ। 14 ਉਹ ਮੇਰੀ

ਵਡਿਆਈ ਕਰੇਗਾ ਕਿਉਂ ਜੋ ਉਹ ਮੇਰੀਆਂ ਗੱਲਾਂ ਵਿੱਚੋਂ ਲਵੇਗਾ ਅਤੇ ਤੁਹਾਨੂੰ ਦੱਸੇਗਾ। 15 ਸਭੋਂ ਕੁਝ ਜੋ ਪਿਤਾ ਦਾ ਹੈ ਸੋ ਮੇਰਾ ਹੈ। ਇਸੇ ਕਾਰਨ ਮੈਂ ਆਖਿਆ ਜੋ ਉਹ ਮੇਰੀਆਂ ਗੱਲਾਂ ਵਿੱਚੋਂ ਲੈ ਕੇ ਤੁਹਾਨੂੰ ਦੱਸੇਗਾ।

ਯੂਹੰਨਾ 20:21,22 ਤਦ ਯਿਸੂ ਨੇ ਫੇਰ ਉਨ੍ਹਾਂ ਨੂੰ ਆਖਿਆ, ਤੁਹਾਡੀ ਸ਼ਾਂਤੀ ਹੋਵੇ! ਜਿਵੇਂ ਪਿਤਾ ਨੇ ਮੈਨੂੰ ਘੱਲਿਆ ਹੈ ਤਿਵੇਂ ਮੈਂ ਵੀ ਤੁਹਾਨੂੰ ਘੱਲਦਾ ਹਾਂ।22 ਉਸ ਨੇ ਇਹ ਕਹਿ ਕੇ ਉਨ੍ਹਾਂ ਉੱਤੇ ਫੂਕ ਮਾਰੀ ਅਤੇ ਕਿਹਾ, ਤੁਸੀਂ ਪਵਿੱਤ੍ਰ ਆਤਮਾ ਲਓ।

ਰਸੂਲਾਂ ਦੇ ਕਰਤੱਬ 1:2,5 ਉਸ ਦਿਨ ਤੀਕੁਰ ਕਿ ਉਹ ਉਨ੍ਹਾਂ ਰਸੂਲਾਂ ਨੂੰ ਜਿਹੜੇ ਉਸ ਨੇ ਚੁਣੇ ਸਨ ਪਵਿੱਤ੍ਰ ਆਤਮਾ ਦੇ ਰਾਹੀਂ ਹੁਕਮ ਦੇ ਕੇ ਉਤਾਹਾਂ ਉਠਾ ਲਿਆ ਗਿਆ। 5 ਕਿਉਂ ਜੋ ਯੂਹੰਨਾ ਨੇ ਤਾਂ ਪਾਣੀ ਨਾਲ ਬਪਤਿਸਮਾ ਦਿੱਤਾ ਪਰ ਥੋੜੇ ਦਿਨਾਂ ਪਿੱਛੋਂ ਤੁਹਾਨੂੰ ਪਵਿੱਤ੍ਰ ਆਤਮਾ ਨਾਲ ਬਪਤਿਸਮਾ ਦਿੱਤਾ ਜਾਵੇਗਾ।

ਰਸੂਲਾਂ ਦੇ ਕਰਤੱਬ 1:8 ਪਰ ਜਾ ਪਵਿੱਤ੍ਰ ਆਤਮਾ ਤੁਹਾਡੇ ਉੱਤੇ ਆਵੇਗਾ ਤਾਂ ਤੁਸੀਂ ਸ਼ਕਤੀ ਪਾਓਗੇ ਅਤੇ ਯਰੂਸ਼ਲਮ ਅਰ ਸਾਰੇ ਯਹੂਦਿਯਾ ਅਤੇ ਸਾਮਰਿਯਾ ਵਿੱਚ ਸਗੋਂ ਧਰਤੀ ਦੇ ਬੰਨੇ ਤੀਕੁਰ ਮੇਰੇ ਗਵਾਹ ਹੋਵੋਗੇ।

ਰਸੂਲਾਂ ਦੇ ਕਰਤੱਬ 2:1-4 ਜਾਂ ਪੰਤੇਕੁਸਤ ਦਾ ਦਿਨ ਆਇਆ ਓਹ ਸਭ ਇੱਕ ਥਾਂ ਇਕੱਠੇ ਸਨ। 2 ਅਰ ਅਚਾਨਕ ਅਕਾਸ਼ ਤੋਂ ਗੂੰਜ ਆਈ ਜਿਹੀ ਵੱਡੀ ਭਾਰੀ ਅਨ੍ਹੇਰੀ ਦੇ ਵਗਣ ਦੀ ਹੁੰਦੀ ਹੈ ਅਤੇ ਉਸ ਨਾਲ ਸਾਰਾ ਘਰ ਜਿੱਥੇ ਓਹ ਬੈਠੇ ਸਨ ਭਰ ਗਿਆ। 3 ਅਰ ਉਨ੍ਹਾਂ ਨੂੰ ਅੱਗ ਜਹੀਆਂ ਜੀਭਾਂ ਵੱਖਰੀਆਂ ਵੱਖਰੀਆਂ ਹੁੰਦੀਆਂ ਵਿਖਾਈ ਦਿੱਤੀਆਂ ਅਤੇ ਓਹ ਉਨ੍ਹਾਂ ਵਿੱਚੋਂ ਹਰੇਕ ਉੱਤੇ ਠਹਿਰੀਆਂ। 4 ਤਦ ਓਹ ਸੱਭੇ ਪਵਿੱਤ੍ਰ ਆਤਮਾ ਨਾਲ ਭਰ ਗਏ ਅਤੇ ਹੋਰ ਬੋਲੀਆਂ ਬੋਲਣ ਲੱਗ ਪਏ ਜਿਵੇਂ ਆਤਮਾ ਨੇ ਉਨ੍ਹਾਂ ਨੂੰ ਬੋਲਣ ਦਿੱਤਾ।

ਰਸੂਲਾਂ ਦੇ ਕਰਤੱਬ 2:17-19 ਪਰਮੇਸ਼ੁਰ ਆਖਦਾ ਹੈ ਕਿ ਅੰਤ ਦੇ ਦਿਨਾਂ ਵਿੱਚ ਐਉਂ ਹੋਵੇਗਾ, ਜੋ ਮੈਂ ਆਪਣੇ ਆਤਮਾ ਵਿੱਚੋਂ ਸਾਰੇ ਸਰੀਰਾਂ ਉੱਤੇ ਵਹਾ ਦਿਆਂਗਾ, ਅਤੇ ਤੁਹਾਡੇ ਪੁੱਤ੍ਰ ਅਰ ਤੁਹਾਡੀਆਂ ਧੀਆਂ ਅਗੰਮ ਵਾਕ ਕਰਨਗੇ, ਅਤੇ ਤੁਹਾਡੇ ਜੁਆਨ ਦਰਸ਼ਣ ਵੇਖਣਗੇ, ਅਤੇ ਤੁਹਾਡੇ ਬੁੱਢੇ ਸੁਫ਼ਨੇ ਵੇਖਣਗੇ। 18 ਹਾਂ, ਮੈਂ ਆਪਣੇ ਦਾਸਾਂ ਅਤੇ ਆਪਣੀਆਂ ਦਾਸੀਆਂ ਉੱਤੇ ਉਨ੍ਹੀਂ ਦਿਨੀਂ ਆਪਣੇ ਆਤਮਾ ਵਿੱਚੋਂ ਵਹਾ ਦਿਆਂਗਾ, ਅਰ ਓਹ ਅਗੰਮ ਵਾਕ ਕਰਨਗੇ। 19 ਅਤੇ ਉਤਾਹਾਂ ਅਕਾਸ਼ ਵਿੱਚ ਅਚੰਭੇ, ਅਰ ਹਿਠਾਹਾਂ ਧਰਤੀ ਉੱਤੇ ਨਿਸ਼ਾਨ, ਲਹੂ ਤੇ ਅਗਨ ਤੇ ਧੂੰਏਂ ਦੇ ਬੱਦਲ ਵਿਖਾਵਾਂਗਾ। (ਯਵਾਐਲ 2:28,29)

ਰਸੂਲਾਂ ਦੇ ਕਰਤੱਬ 2:33 ਸੋ ਪਰਮੇਸ਼ੁਰ ਦੇ ਸੱਜੇ ਹੱਥ ਕੋਲ ਅੱਤ ਉੱਚਾ ਹੋ ਕੇ ਅਰ ਪਿਤਾ ਤੋਂ ਪਵਿੱਤ੍ਰ ਆਤਮਾ ਦਾ ਕਰਾਰ ਪਾ ਕੇ ਉਸ ਨੇ ਇਹ ਜੋ ਤੁਸੀਂ ਵੇਖਦੇ ਅਤੇ ਸੁਣਦੇ ਹੋ ਵਹਾ ਦਿੱਤਾ।

ਰਸੂਲਾਂ ਦੇ ਕਰਤੱਬ 2:38 ਤਦ ਪਤਰਸ ਨੇ ਉਨ੍ਹਾਂ ਨੂੰ ਆਖਿਆ, ਤੋਬਾ ਕਰੋ ਅਤੇ ਤੁਹਾਡੇ ਵਿੱਚੋਂ ਹਰੇਕ ਆਪੋ ਆਪਣੇ ਪਾਪਾਂ ਦੀ ਮਾਫ਼ੀ ਦੇ ਲਈ ਯਿਸੂ ਮਸੀਹ ਦੇ ਨਾਮ ਉੱਤੇ ਬਪਤਿਸਮਾ ਲਵੇ ਤਾਂ ਪਵਿੱਤ੍ਰ ਆਤਮਾ ਦਾ ਦਾਨ ਪਾਓਗੇ।

ਰਸੂਲਾਂ ਦੇ ਕਰਤੱਬ 4:31 ਜਦ ਓਹ ਬੇਨਤੀ ਕਰ ਹਟੇ ਤਾਂ ਉਹ ਥਾਂ ਜਿੱਥੇ ਓਹ ਇਕੱਠੇ ਹੋਏ ਸਨ ਹਿੱਲ ਗਿਆ ਅਤੇ ਸੱਭੋ ਪਵਿੱਤ੍ਰ ਆਤਮਾ ਨਾਲ ਭਰਪੂਰ ਹੋ ਗਏ ਅਰ ਪਰਮੇਸ਼ੁਰ ਦਾ ਬਚਨ ਦਲੇਰੀ ਨਾਲ ਸੁਣਾਉਣ ਲੱਗੇ।

ਰਸੂਲਾਂ ਦੇ ਕਰਤੱਬ 8:15-17 ਓਹਨਾਂ ਜਾ ਕੇ ਉਨ੍ਹਾਂ ਦੇ ਲਈ ਪ੍ਰਾਰਥਨਾ ਕੀਤੀ ਭਈ ਓਹ ਪਵਿੱਤ੍ਰ ਆਤਮਾ ਪਾਉਣ। 16 ਕਿਉਂ ਜੋ ਉਹ ਅਜੇ ਤੀਕੁਰ ਉਨ੍ਹਾਂ ਵਿੱਚੋਂ ਕਿਸੇ ਤੇ ਨਾ ਉਤਰਿਆ ਸੀ ਪਰ ਉਨ੍ਹਾਂ ਨਿਰਾ ਪ੍ਰਭੁ ਯਿਸੂ ਦੇ ਨਾਮ ਉੱਤੇ

ਬਪਤਿਸਮਾ ਲਿਆ ਸੀ। 17 ਤਦ ਇਨ੍ਹਾਂ ਨੇ ਉਨ੍ਹਾਂ ਉੱਤੇ ਹੱਥ ਰੱਖੇ ਅਤੇ ਉਨ੍ਹਾਂ ਨੂੰ ਪਵਿੱਤ੍ਰ ਆਤਮਾ ਮਿਲਿਆ।

ਰਸੂਲਾਂ ਦੇ ਕਰਤੱਬ 8:39 ਅਰ ਜਾਂ ਓਹ ਪਾਣੀ ਵਿੱਚੋਂ ਨਿੱਕਲ ਆਏ ਤਾਂ ਪ੍ਰਭੁ ਦਾ ਆਤਮਾ ਫਿਲਿੱਪੁਸ ਨੂੰ ਫੜ ਲੈ ਗਿਆ ਅਤੇ ਖੋਜੇ ਨੇ ਉਹ ਨੂੰ ਫੇਰ ਨਾ ਵੇਖਿਆ ਕਿਉਂ ਜੋ ਉਹ ਅਨੰਦ ਨਾਲ ਆਪਣੇ ਰਾਹ ਚੱਲਿਆ ਗਿਆ। (1 ੧ ਸਲਾਤੀਨ 18:12)

ਰਸੂਲਾਂ ਦੇ ਕਰਤੱਬ 9:31 ਸੋ ਸਾਰੇ ਯਹੂਦਿਯਾ ਅਤੇ ਗਲੀਲ ਅਤੇ ਸਾਮਰਿਯਾ ਵਿੱਚ ਕਲੀਸਿਯਾ ਨੇ ਸੁਖ ਪਾਇਆ ਅਤੇ ਬਣਦੀ ਗਈ ਅਤੇ ਪ੍ਰਭੁ ਦੇ ਭੌ ਅਤੇ ਪਵਿੱਤ੍ਰ ਆਤਮਾ ਦੀ ਤਸੱਲੀ ਵਿੱਚ ਚੱਲਦਿਆਂ ਹੋਇਆਂ ਵਧਦੀ ਜਾਂਦੀ ਸੀ।

ਰਸੂਲਾਂ ਦੇ ਕਰਤੱਬ 10:44,45 ਪਤਰਸ ਏਹ ਗੱਲਾਂ ਕਰਦਾ ਹੀ ਸੀ ਕਿ ਪਵਿੱਤ੍ਰ ਆਤਮਾ ਬਚਨ ਦੇ ਸਭਨਾਂ ਸੁਣਨ ਵਾਲਿਆਂ ਤੇ ਉਤਰਿਆ। 45 ਅਰ ਸੁੰਨਤ ਕੀਤੇ ਹੋਏ ਨਿਹਚਾਵਾਨ ਜਿੰਨੇ ਪਤਰਸ ਦੇ ਨਾਲ ਆਏ ਸਨ ਸਭ ਦੰਗ ਹੋ ਗਏ ਜੋ ਪਰਾਈਆਂ ਕੌਮਾਂ ਦੇ ਲੋਕਾਂ ਉੱਤੇ ਵੀ ਪਵਿੱਤ੍ਰ ਆਤਮਾ ਦੀ ਦਾਤ ਵਹਾਈ ਗਈ।

ਰਸੂਲਾਂ ਦੇ ਕਰਤੱਬ 11:15 ਅਤੇ ਜਾਂ ਮੈਂ ਗੱਲਾਂ ਕਰਨ ਲੱਗਾ ਤਾਂ ਪਵਿੱਤ੍ਰ ਆਤਮਾ ਉਨ੍ਹਾਂ ਤੇ ਉਤਰਿਆ ਜਿਸ ਤਰਾਂ ਪਹਿਲਾਂ ਸਾਡੇ ਉੱਤੇ ਉਤਰਿਆ ਸੀ।

ਰਸੂਲਾਂ ਦੇ ਕਰਤੱਬ 13:52 ਅਤੇ ਚੇਲੇ ਅਨੰਦ ਅਰ ਪਵਿੱਤ੍ਰ ਆਤਮਾ ਨਾਲ ਭਰੇ ਰਹਿੰਦੇ ਸਨ।

ਰਸੂਲਾਂ ਦੇ ਕਰਤੱਬ 19:6 ਅਤੇ ਜਾਂ ਪੌਲੁਸ ਨੇ ਉਨ੍ਹਾਂ ਉੱਤੇ ਹੱਥ ਧਰੇ ਤਾਂ ਪਵਿੱਤ੍ਰ ਆਤਮਾ ਉਨ੍ਹਾਂ ਤੇ ਉਤਰਿਆ ਅਰ ਓਹ ਬੋਲੀਆਂ ਬੋਲਣ ਅਤੇ ਅਗੰਮ ਵਾਕ ਕਰਨ ਲੱਗੇ।

ਰਸੂਲਾਂ ਦੇ ਕਰਤੱਬ 20:23 ਪਰ ਐੱਨਾ ਜਾਣਦਾ ਹਾਂ ਭਈ ਪਵਿੱਤ੍ਰ ਆਤਮਾ ਹਰੇਕ ਨਗਰ ਵਿੱਚ ਮੈਨੂੰ ਇਹ ਕਹਿ ਕੇ ਸਾਖੀ ਦਿੰਦਾ ਹੈ ਜੋ ਬੰਧਨ ਅਤੇ ਬਿਪਤਾ ਤੇਰੇ ਲਈ ਤਿਆਰ ਹਨ।

ਰੋਮੀਆਂ 5:5 ਅਤੇ ਆਸ ਸ਼ਰਮਿੰਦਿਆਂ ਨਹੀਂ ਕਰਦੀ ਇਸ ਲਈ ਜੋ ਪਰਮੇਸ਼ੁਰ ਦਾ ਪ੍ਰੇਮ ਪਵਿੱਤਰ ਆਤਮਾ ਦੇ ਵਸੀਲੇ ਨਾਲ ਜੋ ਸਾਨੂੰ ਦਿੱਤਾ ਗਿਆ ਸਾਡਿਆਂ ਹਿਰਦਿਆਂ ਵਿੱਚ ਪਾਇਆ ਹੋਇਆ ਹੈ।

ਰੋਮੀਆਂ 8:9 ਪਰ ਤੁਸੀਂ ਸਰੀਰਕ ਨਹੀਂ ਸਗੋਂ ਆਤਮਕ ਹੋ ਪਰ ਤਦੇ ਜੇ ਪਰਮੇਸ਼ੁਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੋਵੇ ਪਰੰਤੂ ਜਿਹ ਦੇ ਵਿੱਚ ਮਸੀਹ ਦਾ ਆਤਮਾ ਨਹੀਂ ਹੈ ਸੋ ਉਹ ਓਹ ਦਾ ਨਹੀਂ ਹੈ।

ਰੋਮੀਆਂ 8:13-16 ਜੇ ਸਰੀਰ ਦੇ ਅਨੁਸਾਰ ਉਮਰ ਕੱਟੋਗੇ ਤਾਂ ਤੁਹਾਨੂੰ ਮਰਨਾ ਪਵੇਗਾ ਪਰ ਜੇ ਆਤਮਾ ਨਾਲ ਦੇਹੀ ਦੇ ਕਾਰਜਾਂ ਨੂੰ ਮਾਰੋ ਤਾਂ ਤੁਸੀਂ ਜੀਵੋਗੇ। 14 ਜਿੰਨੇ ਪਰਮੇਸ਼ੁਰ ਦੇ ਆਤਮਾ ਦੀ ਅਗਵਾਈ ਨਾਲ ਚੱਲਦੇ ਹਨ ਓਹੀ ਪਰਮੇਸ਼ੁਰ ਦੇ ਪੁੱਤ੍ਰ ਹਨ। 15 ਕਿਉਂ ਜੋ ਤੁਹਾਨੂੰ ਗੁਲਾਮੀ ਦਾ ਆਤਮਾ ਨਹੀਂ ਮਿਲਿਆ ਜੋ ਫੇਰ ਮੁੜ ਕੇ ਡਰੋ ਸਗੋਂ ਲੇਪਾਲਕ ਪੁੱਤ੍ਰ ਹੋਣ ਦਾ ਆਤਮਾ ਮਿਲਿਆ ਜਿਸ ਕਰਕੇ ਅਸੀਂ ਅੱਬਾ, ਹੇ ਪਿਤਾ, ਪੁਕਾਰਦੇ ਹਾਂ। 16 ਉਹ ਆਤਮਾ ਆਪ ਸਾਡੇ ਆਤਮਾ ਦੇ ਨਾਲ ਸਾਖੀ ਦਿੰਦਾ ਹੈ ਭਈ ਅਸੀਂ ਪਰਮੇਸ਼ੁਰ ਦੇ ਬਾਲਕ ਹਾਂ।

ਰੋਮੀਆਂ 8:26 ਇਸ ਤਰਾਂ ਆਤਮਾ ਵੀ ਸਾਡੀ ਦੁਰਬਲਤਾਈ ਵਿੱਚ ਸਾਡੀ ਸਹਾਇਤਾ ਕਰਦਾ ਹੈ ਕਿਉਂ ਜੋ ਕਿਸ ਵਸਤ ਲਈ ਸਾਨੂੰ ਪ੍ਰਾਰਥਨਾ ਕਰਨੀ ਚਾਹੀਦੀ ਹੈ ਅਸੀਂ ਨਹੀਂ ਜਾਣਦੇ ਪਰ ਆਤਮਾ ਆਪ ਅਕੱਥ ਹਾਹੁਕੇ ਭਰ ਕੇ ਸਾਡੇ ਲਈ ਸਫ਼ਾਰਸ਼ ਕਰਦਾ ਹੈ।

ਰੋਮੀਆਂ 15:13,19 ਹੁਣ ਆਸਾ ਦਾ ਪਰਮੇਸ਼ੁਰ ਤੁਹਾਨੂੰ ਨਿਹਚਾ ਕਰਨ ਦੇ ਵਸੀਲੇ ਨਾਲ ਸਾਰੇ ਅਨੰਦ ਅਤੇ ਸ਼ਾਂਤੀ ਨਾਲ ਭਰ ਦੇਵੇ ਭਈ ਤੁਸੀਂ ਪਵਿੱਤਰ ਆਤਮਾ ਦੀ ਸਮਰਥ ਨਾਲ ਆਸਾ ਵਿੱਚ ਵਧਦੇ ਜਾਵੋ। 19 ਨਿਸ਼ਾਨੀਆਂ ਅਤੇ ਕਰਾਮਾਤਾਂ ਦੀ ਸ਼ਕਤੀ ਨਾਲ ਅਤੇ ਪਵਿੱਤਰ ਆਤਮਾ ਦੀ ਸਮਰੱਥਾ ਨਾਲ ਮੇਰੇ ਹੱਥੀਂ ਕੀਤੇ ਹਨ, ਇੱਥੋਂ ਤੋੜੀ ਜੋ ਮੈਂ ਯਰੂਸ਼ਲਮ ਤੋਂ ਲੈ ਕੇ ਚਾਰ ਚੁਫੇਰੇ ਇੱਲੁਰਿਕੁਨ ਤੀਕ ਮਸੀਹ ਦੀ ਖੁਸ਼ ਖਬਰੀ ਦਾ ਪੂਰਾ ਪਰਚਾਰ ਕੀਤਾ।

1੧ ਕੁਰਿੰਥੀਆਂ 2:10-13 ਓਹਨਾਂ ਨੂੰ ਪਰਮੇਸ਼ੁਰ ਨੇ ਆਤਮਾ ਦੇ ਦੁਆਰਾ ਸਾਡੇ ਉੱਤੇ ਪਰਗਟ ਕੀਤਾ ਕਿਉਂ ਜੋ ਆਤਮਾ ਸਾਰੀਆਂ ਵਸਤਾਂ ਦੀ ਸਗੋਂ ਪਰਮੇਸ਼ੁਰ ਦੀਆਂ ਡੂੰਘੀਆਂ ਵਸਤਾਂ ਦੀ ਜਾਚ ਕਰ ਲੈਂਦਾ ਹੈ। 11 ਮਨੁੱਖ ਦੇ ਆਤਮਾ ਤੋਂ ਬਿਨਾ ਜੋ ਉਹ ਦੇ ਅੰਦਰ ਹੈ ਮਨੁੱਖਾਂ ਵਿੱਚੋਂ ਮਨੁੱਖ ਦੀਆਂ ਗੱਲਾਂ ਕੌਣ ਜਾਣਦਾ ਹੈ ? ਇਸੇ ਪਰਕਾਰ ਪਰਮੇਸ਼ੁਰ ਦੇ ਆਤਮਾ ਤੋਂ ਬਿਨਾ ਪਰਮੇਸ਼ੁਰ ਦੀਆਂ ਗੱਲਾਂ ਕੋਈ ਨਹੀਂ ਜਾਣਦਾ ਹੈ। 12 ਪਰ ਸਾਨੂੰ ਜਗਤ ਦਾ ਆਤਮਾ ਨਹੀਂ ਸਗੋਂ ਉਹ ਆਤਮਾ ਮਿਲਿਆ ਜਿਹੜਾ ਪਰਮੇਸ਼ੁਰ ਤੋਂ ਹੈ ਤਾਂ ਜੋ ਅਸੀਂ ਉਨ੍ਹਾਂ ਪਦਾਰਥਾਂ ਨੂੰ ਜਾਣੀਏ ਜਿਹੜੇ ਪਰਮੇਸ਼ੁਰ ਨੇ ਸਾਨੂੰ ਬਖਸ਼ੇ ਹਨ। 13 ਅਸੀਂ ਇਨ੍ਹਾਂ ਗੱਲਾਂ ਨੂੰ ਮਾਣਸ ਗਿਆਨ ਦਿਆਂ ਦੱਸਿਆਂ ਹੋਇਆਂ ਸ਼ਬਦਾਂ ਨਾਲ ਨਹੀਂ ਸਗੋਂ ਆਤਮਾ ਦਿਆਂ ਦੱਸਿਆਂ ਹੋਇਆਂ ਸ਼ਬਦਾਂ ਨਾਲ ਅਰਥਾਤ ਆਤਮਕ ਗੱਲਾਂ ਆਤਮਕ ਮਨੁੱਖਾਂ ਨੂੰ ਦੱਸਦੇ ਹਾਂ।

1 ੧ ਕੁਰਿੰਥੀਆਂ 3:16 ਕੀ ਤੁਸੀਂ ਇਹ ਨਹੀਂ ਜਾਣਦੇ ਜੋ ਤੁਸੀਂ ਪਰਮੇਸ਼ੁਰ ਦੀ ਹੈਕਲ ਹੋ ਅਤੇ ਪਰਮੇਸ਼ੁਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੈ ?

1 ੧ ਕੁਰਿੰਥੀਆਂ 6:11 ਅਤੇ ਤੁਹਾਡੇ ਵਿੱਚੋਂ ਕਈਕੁ ਏਹੋ ਜੇਹੇ ਸਨ ਪਰ ਪ੍ਰਭੁ ਯਿਸੂ ਮਸੀਹ ਦੇ ਨਾਮ ਤੋਂ ਅਤੇ ਸਾਡੇ ਪਰਮੇਸ਼ੁਰ ਦੇ ਆਤਮਾ ਤੋਂ ਤੁਸੀਂ ਧੋਤੇ ਗਏ ਅਰ ਤੁਸੀਂ ਪਵਿੱਤਰ ਕੀਤੇ ਗਏ ਅਰ ਤੁਸੀਂ ਧਰਮੀ ਠਹਿਰਾਏ ਗਏ।

1 ੧ ਕੁਰਿੰਥੀਆਂ 12:3 ਸੋ ਮੈਂ ਤੁਹਾਨੂੰ ਇਹ ਦੱਸਦਾ ਹਾਂ ਕਿ ਪਰਮੇਸ਼ੁਰ ਦੇ ਆਤਮਾ ਦੇ ਰਾਹੀਂ ਬੋਲ ਕੇ ਕੋਈ ਨਹੀਂ ਆਖਦਾ ਹੈ, ਯਿਸੂ ਸਰਾਪਤ ਹੈ , ਨਾ ਕੋਈ ਕਹਿ ਸੱਕਦਾ ਹੈ, ਯਿਸੂ ਪ੍ਰਭੁ ਹੈ ਪਰ ਨਿਰਾ ਪਵਿੱਤਰ ਆਤਮਾ ਦੇ ਰਾਹੀਂ।

2 ੨ ਕੁਰਿੰਥੀਆਂ 3:17 ਹੁਣ ਉਹ ਪ੍ਰਭੁ ਦਾ ਆਤਮਾ ਹੈ ਅਰ ਜਿੱਥੇ ਕਿਤੇ ਪ੍ਰਭੁ ਦਾ ਆਤਮਾ ਹੈ ਉੱਥੇ ਹੀ ਅਜ਼ਾਦੀ ਹੈ।

2 ੨ ਕੁਰਿੰਥੀਆਂ 13:14 ਪ੍ਰਭੂ ਯਿਸੂ ਮਸੀਹ ਦੀ ਕਿਰਪਾ, ਪਰਮੇਸ਼ੁਰ ਦਾ ਪ੍ਰੇਮ ਅਤੇ ਪਵਿੱਤਰ ਆਤਮਾ ਦੀ ਸੰਗਤ ਤੁਸਾਂ ਸਭਨਾਂ ਦੇ ਨਾਲ ਹੋਵੇ।

ਗਲਾਤੀਆਂ 4:6 ਅਤੇ ਤੁਸੀਂ ਜੋ ਪੁੱਤ੍ਰ ਹੋ ਇਸੇ ਕਾਰਨ ਪਰਮੇਸ਼ੁਰ ਨੇ ਆਪਣੇ ਪੁੱਤ੍ਰ ਦੇ ਆਤਮਾ ਨੂੰ ਸਾਡੇ ਦਿਲਾਂ ਵਿੱਚ ਘੱਲ ਦਿੱਤਾ ਜਿਹੜਾ ਅੱਬਾ, ਅਰਥਾਤ ਹੇ ਪਿਤਾ ਪੁਕਾਰਦਾ ਹੈ।

ਅਫ਼ਸੀਆਂ 1:13,14 ਉਸ ਵਿੱਚ ਜਿਸ ਵੇਲੇ ਤੁਸਾਂ ਸਚਿਆਈ ਦਾ ਬਚਨ ਅਰਥਾਤ ਆਪਣੀ ਮੁਕਤੀ ਦੀ ਖੁਸ਼ ਖਬਰੀ ਸੁਣੀ ਅਤੇ ਉਸ ਵਿੱਚ ਨਿਹਚਾ ਭੀ ਕੀਤੀ ਤਾਂ ਵਾਇਦੇ ਦੇ ਪਵਿੱਤਰ ਆਤਮਾ ਨਾਲ ਤੁਹਾਡੇ ਉੱਤੇ ਵੀ ਮੋਹਰ ਲੱਗੀ। 14 ਇਹ ਪਰਮੇਸ਼ੁਰ ਦੇ ਨਿੱਜ ਦਿਆਂ ਲੋਕਾਂ ਦੇ ਨਿਸਤਾਰੇ ਦੇ ਲਈ ਸਾਡੇ ਲਈ ਸਾਡੇ ਅਧਕਾਰ ਦੀ ਸਾਈ ਹੈ ਕਿ ਉਹ ਦੀ ਮਹਿਮਾ ਦੀ ਉਸਤਤ ਹੋਵੇ।

ਅਫ਼ਸੀਆਂ 2:18 ਕਿਉਂ ਜੋ ਉਸੇ ਦੇ ਦੁਆਰਾ ਇੱਕੋ ਆਤਮਾ ਵਿੱਚ ਪਿਤਾ ਵੱਲ ਅਸਾਂ ਦੋਹਾਂ ਦੀ ਢੋਈ ਹੁੰਦੀ ਹੈ।

ਅਫ਼ਸੀਆਂ 4:30 ਅਤੇ ਪਰਮੇਸ਼ੁਰ ਦੇ ਪਵਿੱਤਰ ਆਤਮਾ ਨੂੰ ਜਿਹ ਦੇ ਨਾਲ ਨਿਸਤਾਰੇ ਦੇ ਦਿਨ ਤੀਕ ਤੁਹਾਡੇ ਉੱਤੇ ਮੋਹਰ

ਲੱਗੀ ਹੋਈ ਹੈ ਉਦਾਸ ਨਾ ਕਰੋ।

1 ੧ ਥੱਸਲੁਨੀਕੀਆਂ 4:8 ਉਪਰੰਤ ਜੋ ਕੋਈ ਇਹ ਨੂੰ ਰੱਦਦਾ ਹੈ ਸੋ ਮਨੁੱਖ ਨੂੰ ਨਹੀਂ ਸਗੋਂ ਪਰਮੇਸ਼ੁਰ ਨੂੰ ਰੱਦਦਾ ਹੈ ਜਿਹੜਾ ਆਪਣਾ ਪਵਿੱਤਰ ਆਤਮਾ ਤੁਹਾਨੂੰ ਦਿੰਦਾ ਹੈ ।

1 ੧ ਥੱਸਲੁਨੀਕੀਆਂ 5:19 ਆਤਮਾ ਨੂੰ ਨਾ ਬੁਝਾਓ।

2 ੨ ਥੱਸਲੁਨੀਕੀਆਂ 2:13 ਪਰ ਹੇ ਭਰਾਵੋ, ਪ੍ਰਭੁ ਦੇ ਪਿਆਰਿਓ, ਸਾਨੂੰ ਚਾਹੀਦਾ ਹੈ ਜੋ ਤੁਹਾਡੇ ਲਈ ਸਦਾ ਪਰਮੇਸ਼ੁਰ ਦਾ ਧੰਨਵਾਦ ਕਰੀਏ ਇਸ ਕਰਕੇ ਜੋ ਪਰਮੇਸ਼ੁਰ ਨੇ ਆਦ ਤੋਂ ਹੀ ਤੁਹਾਨੂੰ ਚੁਣ ਲਿਆ ਭਈ ਤੁਹਾਨੂੰ ਆਤਮਾ ਤੋਂ ਪਵਿੱਤਰ ਹੋਣ ਨਾਲ ਅਤੇ ਸੱਚ ਨੂੰ ਮੰਨਣ ਨਾਲ ਮੁਕਤੀ ਹੱਥ ਆਵੇ। (1 ੧ ਪਤਰਸ 1:2)

ਤੀਤੁਸ 3:5,6 ਤਾਂ ਉਸ ਨੇ ਉਨ੍ਹਾਂ ਧਰਮ ਦੇ ਕਰਮਾਂ ਕਰਕੇ ਨਹੀਂ ਜੋ ਅਸਾਂ ਕੀਤੇ ਸਗੋਂ ਆਪਣੇ ਰਹਮ ਦੇ ਅਨੁਸਾਰ ਨਵੇਂ ਜਨਮ ਦੇ ਅਸ਼ਨਾਨ ਅਤੇ ਪਵਿੱਤਰ ਆਤਮਾ ਦੇ ਨਵੇਂ ਬਣਾਉਣ ਦੇ ਵਸੀਲੇ ਨਾਲ ਸਾਨੂੰ ਬਚਾਇਆ। 6 ਜਿਹ ਨੂੰ ਉਸ ਨੇ ਸਾਡੇ ਮੁਕਤੀ ਦਾਤਾ ਯਿਸੂ ਮਸੀਹ ਦੇ ਦੁਆਰਾ ਸਾਡੇ ਉੱਤੇ ਬਹੁਤ ਕਰਕੇ ਵਹਾ ਦਿੱਤਾ।

ਇਬਰਾਨੀਆਂ 2:4 ਪਰਮੇਸ਼ੁਰ ਵੀ ਨਿਸ਼ਾਨੀਆਂ ਅਤੇ ਅਚੰਭਿਆਂ ਅਤੇ ਨਾਨਾ ਪਰਕਾਰ ਦੀਆਂ ਕਰਾਮਾਤਾਂ ਅਤੇ ਪਵਿੱਤਰ ਆਤਮਾ ਦੀਆਂ ਵੰਡਾਂ ਦੇ ਵਸੀਲੇ ਆਪਣੀ ਇੱਛਿਆ ਦੇ ਅਨੁਸਾਰ ਉਨ੍ਹਾਂ ਦੇ ਨਾਲ ਸਾਖੀ ਦਿੰਦਾ ਰਿਹਾ।

ਇਬਰਾਨੀਆਂ 10:15 ਅਤੇ ਪਵਿੱਤਰ ਆਤਮਾ ਭੀ ਸਾਨੂੰ ਸਾਖੀ ਦਿੰਦਾ ਹੈ ਕਿਉਂ ਜੋ ਇਹ ਦੇ ਮਗਰੋਂ ਜਦ ਆਖਿਆ ਸੀ,

1 ੧ ਪਤਰਸ 1:2 ਜਿਹੜੇ ਪਿਤਾ ਪਰਮੇਸ਼ੁਰ ਦੇ ਅਗੇਤ੍ਰੇ ਗਿਆਨ ਦੇ ਅਨੁਸਾਰ ਆਤਮਾ ਤੋਂ ਪਵਿੱਤਰ ਹੋਣ ਨਾਲ ਚੁਣੇ ਹੋਏ ਹਨ ਭਈ ਆਗਿਆਕਾਰ ਹੋਣ ਅਤੇ ਯਿਸੂ ਮਸੀਹ ਦਾ ਲਹੂ ਉਨ੍ਹਾਂ ਉੱਤੇ ਛਿੜਕਿਆ ਜਾਵੇ। ਤੁਹਾਡੇ ਲਈ ਕਿਰਪਾ ਅਤੇ ਸ਼ਾਂਤੀ ਵੱਧ ਤੋਂ ਵੱਧ ਹੁੰਦੀ ਜਾਵੇ।

2 ੨ ਪਤਰਸ 1:21 ਕਿਉਂਕਿ ਕੋਈ ਅਗੰਮ ਵਾਕ ਮਨੁੱਖ ਦੀ ਇੱਛਿਆ ਤੋਂ ਕਦੇ ਨਹੀਂ ਆਇਆ ਸਗੋਂ ਮਨੁੱਖ ਪਵਿੱਤਰ ਆਤਮਾ ਦੇ ਉਕਾਸਣ ਨਾਲ ਪਰਮੇਸ਼ੁਰ ਦੀ ਵੱਲੋਂ ਬੋਲਦੇ ਸਨ।

1 ੧ ਯੂਹੰਨਾ 4:2 ਇਸ ਤੋਂ ਤੁਸੀਂ ਪਰਮੇਸ਼ੁਰ ਦੇ ਆਤਮਾ ਨੂੰ ਜਾਣ ਲਓ। ਹਰੇਕ ਆਤਮਾ ਜਿਹੜਾ ਮੰਨ ਲੈਂਦਾ ਹੈ ਭਈ ਯਿਸੂ ਮਸੀਹ ਦੇਹਧਾਰੀ ਹੋ ਕੇ ਆਇਆ ਸੋ ਪਰਮੇਸ਼ੁਰ ਤੋਂ ਹੈ।

1 ੧ ਯੂਹੰਨਾ 5:7,8 ਅਤੇ ਆਤਮਾ ਉਹ ਹੈ ਜਿਹੜਾ ਸਾਖੀ ਦਿੰਦਾ ਹੈ ਕਿਉਂ ਜੋ ਆਤਮਾ ਸਚਿਆਈ ਹੈ। 8 ਕਿਉਂ ਜੋ ਤਿੰਨ ਹਨ ਜਿਹੜੇ ਸਾਖੀ ਦਿੰਦੇ ਹਨ ਅਰਥਾਤ ਆਤਮਾ ਅਤੇ ਪਾਣੀ ਅਤੇ ਲਹੂ, ਅਤੇ ਏਹ ਤਿੰਨੇ ਸਹਿਮਤ ਹਨ।

ਯਹੂ ਦਾਹ 1:20 ਪਰ ਤੁਸੀਂ ਹੇ ਪਿਆਰਿਓ, ਆਪਣੇ ਆਪ ਨੂੰ ਆਪਣੀ ਅੱਤ ਪਵਿੱਤਰ ਨਿਹਚਾ ਉੱਤੇ ਉਸਾਰੀ ਜਾਓ ਅਤੇ ਪਵਿੱਤਰ ਆਤਮਾ ਵਿੱਚ ਪ੍ਰਾਰਥਨਾ ਕਰਦੇ ਹੋਏ।

Pastor T. John Franklin
Church of Salvation, Healing, and Deliverance
COS-HAD.org